ਆਕਾਸ਼ਵਾਣੀ ਜਲੰਧਰ

ਪ੍ਰਦੇਸ਼ਕ ਖਬਰਾਂ ਪੰਜਾਬੀ

13:10

ਮਿਤੀ: 06-11-2026

ਏਸ਼ਿਆਈ ਹਾਕੀ ਵਿੱਚ, ਮੌਜੂਦਾ ਚੈਂਪੀਅਨ ਨੇ ਬੀਤੀ ਸ਼ਾਮ ਮੋਹਾਲੀ ਦੇ ਓਲੰਪੀਅਨ ਬਲਬੀਰ ਸਿੰਘ ਸੀਨੀਅਰ ਅੰਤਰ-ਰਾਸ਼ਟਰੀ ਹਾਕੀ ਸਟੇਡੀਅਮ ਵਿੱਚ 9ਵੀਂ 'ਹੀਰੋ ਏਸ਼ੀਅਨ ਹਾਕੀ ਚੈਂਪੀਅਨਸ ਟਰਾਫੀ' ਦੇ ਫਾਈਨਲ ਮੁਕਾਬਲੇ ਵਿੱਚ, ਜਾਪਾਨ ਨੂੰ 4-1 ਨਾਲ ਹਰਾ ਕੇ, 6ਵੀਂ ਵਾਰ ਖਿਤਾਬ ਆਪਣੇ ਨਾਂ ਕੀਤਾ। ਭਾਰਤ ਲਈ ਇਹ ਇੱਕ ਸ਼ਾਨਦਾਰ ਜਿੱਤ, 'Chak Dey' ਪਲ ਸੀ। ਸਾਡੇ ਪੱਤਰਕਾਰ ਨੇ ਦੱਸਿਆ ਕਿ ਸਟੇਡੀਅਮ ਵਿੱਚ ਮੌਜੂਦ ਦਰਸ਼ਕਾਂ ਸਮੇਤ ਪੂਰੇ ਦੇਸ਼ ਨੇ, ਭਾਰਤ ਦੀ ਇਸ ਜਿੱਤ ਨੂੰ 'ਦੀਵਾਲੀ ਦੇ ਤੋਹਫ਼ੇ' ਵਜੋਂ ਮਨਾਇਆ। ਹਾਲਾਂਕਿ ਭਾਰਤ ਦਾ ਲਗਾਤਾਰ ਤੀਜਾ ਖ਼ਿਤਾਬ ਏ, ਪਰ ਟੀਮ ਨੂੰ ਇਸ ਨੂੰ ਜਿੱਤਣ ਲਈ ਜਪਾਨ ਦੇ ਮਜ਼ਬੂਤ ਡਿਫੈਂਸ ਦਾ ਸਾਹਮਣਾ ਕਰਨਾ ਪਿਆ। ਜਪਾਨ ਦੀ ਸ਼ੁਰੂਆਤੀ ਇੱਕ ਗੋਲ ਦੀ ਲੀਡ ਨੇ, ਭਾਰਤੀ ਟੀਮ ਨੂੰ ਸਕੋਰ ਬਰਾਬਰ ਕਰਨ ਲਈ ਤੀਜੇ ਕੁਆਰਟਰ ਦੇ ਅਖੀਰ ਤੱਕ ਸੰਘਰਸ਼ ਕਰਨ ਲਈ ਮਜ਼ਬੂਰ ਕਰ

ਦਿੱਤਾ। ਹਾਲਾਂਕਿ, ਭਾਰਤ ਨੇ ਚੌਥੇ ਅਤੇ ਆਖ਼ਰੀ ਕੁਆਰਟਰ ਵਿੱਚ ਆਪਣਾ ਦਬਦਬਾ ਬਣਾਇਆ। ਭਾਰਤੀ ਖਿਡਾਰੀਆਂ ਨੇ ਤਿੰਨ ਗੋਲ ਕਰਕੇ, ਇੱਕ ਅਜਿਹੀ ਬੜ੍ਹਤ ਬਣਾਈ, ਜਿਸ ਨੂੰ ਪਾਰ ਕਰਨਾ ਜਪਾਨ ਲਈ ਮੁਸ਼ਕਿਲ ਹੋ ਗਿਆ। ਭਾਰਤ ਦੀ ਖ਼ਿਤਾਬੀ ਜਿੱਤ ਮਿਡ-ਫੀਲਡਰ ਨੀਲਕੰਠ ਸ਼ਰਮਾ ਲਈ ਇੱਕ ਸ਼ਾਨਦਾਰ ਵਿਦਾਇਗੀ ਸੀ, ਜਿਸ ਨੇ ਕੱਲ੍ਹ ਆਪਣਾ ਆਖ਼ਰੀ ਅੰਤਰ-ਰਾਸ਼ਟਰੀ ਮੈਚ ਖੇਡਿਆ ਏ। ਓਧਰ ਕਾਂਸੇ ਦੇ ਤਗ਼ਮੇ ਲਈ ਮਲੇਸ਼ੀਆ ਨੇ ਦੱਖਣੀ ਕੋਰੀਆ ਨੂੰ 5-2 ਨਾਲ ਹਰਾਇਆ। ਇਸੇ ਦੌਰਾਨ ਭਾਰਤੀ ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਕਿਹਾ BYTE:RNU061126

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਹੁਣ ਸਾਲ 2030 ਵਿੱਚ ਵੱਕਾਰੀ ਹਾਕੀ ਵਿਸ਼ਵ ਕੱਪ ਦੀ ਮੇਜ਼ਬਾਨੀ ਲਈ ਪੂਰੀ ਤਰ੍ਹਾਂ ਤਿਆਰ ਏ ।ਰਾਜਪਾਲ ਗੁਲਾਬ ਚੰਦ ਕਟਾਰੀਆ ਦੇ ਨਾਲ ਇਸ ਅੰਤਰਰਾਸ਼ਟਰੀ ਟੂਰਨਾਮੈਂਟ ਦੇ ਸਫਲ ਪ੍ਰਬੰਧਨ 'ਤੇ ਪੰਜਾਬ ਦੇ ਲੋਕਾਂ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਹਾਕੀ ਨਾਲ ਪੰਜਾਬ ਦਾ ਅਟੁੱਟ ਰਿਸ਼ਤਾ, 77 ਓਲੰਪੀਅਨਾਂ ਤੇ 48 ਓਲੰਪਿਕ ਤਗਮਾ ਜੇਤੂਆਂ ਦੀ ਮਹਾਨ ਵਿਰਾਸਤ ਅਤੇ ਇਸ ਦਾ ਤੇਜ਼ੀ ਨਾਲ ਮਜ਼ਬੂਤ ਹੋ ਰਿਹਾ ਖੇਡ ਢਾਂਚਾ ਇਸ ਨੂੰ ਵੱਡੇ ਆਲਮੀ ਖੇਡ ਸਮਾਗਮਾਂ ਲਈ ਸੁਭਾਵਿਕ ਪਸੰਦ

ਬਣਾਉਂਦਾ ਏ । ਭਾਰਤ ਦੀ ਖਿਤਾਬੀ ਜਿੱਤ ਦਾ ਜਸ਼ਨ ਮਨਾਉਂਦਿਆਂ, 'ਹਾਕੀ ਇੰਡੀਆ' ਨੇ ਹਰੇਕ ਖਿਡਾਰੀ ਲਈ, 3-3 ਲੱਖ ਰੁਪਏ ਅਤੇ ਸਹਾਇਕ ਸਟਾਫ਼ ਦੇ ਹਰੇਕ ਮੈਂਬਰ ਲਈ, ਡੇਢ ਲੱਖ ਰੁਪਏ ਦੇ ਨਕਦ ਇਨਾਮ ਦਾ ਐਲਾਨ ਕੀਤਾ ਏ।

ਅੱਜ ਧਨਤੇਰਸ ਮਨਾਈ ਜਾ ਰਹੀ ਏ। ਦੀਵਾਲੀ ਤੋਂ ਠੀਕ ਪਹਿਲਾਂ ਆਉਣ ਵਾਲਾ ਇਹ ਤਿਉਹਾਰ, ਧਨ, ਚੰਗੀ ਸਿਹਤ ਅਤੇ ਖੁਸ਼ਹਾਲੀ ਦਾ ਪ੍ਰਤੀਕ ਮੰਨਿਆ ਜਾਂਦਾ ਏ। ਧਨਤੇਰਸ 'ਤੇ ਸ਼ਰਧਾਲੂ, ਭਗਵਾਨ ਧਨਵੰਤਰੀ, ਦੇਵੀ ਲਕਸ਼ਮੀ ਅਤੇ ਭਗਵਾਨ ਕੁਬੇਰ ਦੀ ਪੂਜਾ ਕਰਦੇ ਨੇ। ਧਨਤੇਰਸ 'ਤੇ ਲੋਕਾਂ ਵੱਲੋਂ ਮੁੱਖ ਤੌਰ 'ਤੇ ਸੋਨਾ, ਚਾਂਦੀ, ਭਾਂਡੇ, ਵਾਹਨ ਅਤੇ ਹੋਰ ਨਵੀਆਂ ਚੀਜ਼ਾਂ ਖਰੀਦਣਾ ਇੱਕ ਪੁਰਾਣੀ ਰਵਾਇਤ ਏ।ਇਸ ਮੋਕੇ ਉਪ-ਰਾਸ਼ਟਰਪਤੀ ਸੀ ਪੀ ਰਾਧਾ ਕ੍ਰਿਸ਼ਨਨ ਤੇ ਪ੍ਰਦਾਹਣ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ ।

ਪੰਜਾਬ ਭਰ ਵਿੱਚ ਚੋਣ ਕਮਿਸ਼ਨ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਪਹਿਲੀ ਜਨਵਰੀ-2027 ਨੂੰ ਯੋਗਤਾ ਤਰੀਕ ਮੰਨਦਿਆਂ, ਫੋਟੋ ਵੋਟਰ ਸੂਚੀਆਂ ਦੀ ਵਿਸ਼ੇਸ਼ ਸੰਖੇਪ ਸੁਧਾਈ ਦੇ ਹਿੱਸੇ ਵਜੋਂ, ਪੋਲਿੰਗ

ਸਟੇਸ਼ਨਾਂ ਨੂੰ ਤਰਕਸੰਗਤ ਕਰਨ ਦੀ ਪ੍ਰਕਿਰਿਆ ਮੁਕੰਮਲ ਹੋ ਗਈ ਏ। ਪੰਜਾਬ ਦੇ ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਪੋਲਿੰਗ ਸਟੇਸ਼ਨਾਂ ਨੂੰ ਤਰਕਸੰਗਤ ਕਰਨ ਦੀ ਪ੍ਰਕਿਰਿਆ ਦਾ ਮੁੱਖ ਉਦੇਸ਼ ਵੋਟਰਾਂ ਲਈ ਪਹੁੰਚਯੋਗਤਾ ਅਤੇ ਸਹੂਲਤਾਂ ਵਿੱਚ ਵਾਧਾ ਕਰਨਾ ਏ। ਮੁੱਖ ਚੋਣ ਅਫ਼ਸਰ ਨੇ ਦੱਸਿਆ ਕਿ ਪਹਿਲਾਂ ਰਾਜ ਵਿੱਚ 25 ਹਜ਼ਾਰ 332 ਪੋਲਿੰਗ ਸਟੇਸ਼ਨ ਸਨ। SIR-2026 ਦੌਰਾਨ ਤਰਕਸੰਗਤ ਕਰਨ ਦੀ ਪ੍ਰਕਿਰਿਆ ਦੌਰਾਨ, ਵੋਟਰਾਂ ਦੀ ਗਿਣਤੀ ਅਤੇ ਭੂਗੋਲਿਕ ਪਹੁੰਚ ਨੂੰ ਧਿਆਨ ਵਿੱਚ ਰੱਖਦਿਆਂ 39 ਨਵੇਂ ਪੋਲਿੰਗ ਸਟੇਸ਼ਨ ਬਣਾਏ ਗਏ ਨੇ। ਹੁਣ ਪੰਜਾਬ ਰਾਜ ਵਿੱਚ ਪੋਲਿੰਗ ਸਟੇਸ਼ਨਾਂ ਦੀ ਕੁੱਲ ਗਿਣਤੀ 25 ਹਜ਼ਾਰ 371 ਹੋ ਗਈ ਏ।

ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ ਦੀ ਉੱਚ ਪੱਧਰੀ ਟੀਮ, ਨੇ ਅੱਜ ਸ੍ਰੀ ਮੁਕਤਸਰ ਸਾਹਿਬ ਅਤੇ ਫਾਜ਼ਿਲਕਾ ਜ਼ਿਲ੍ਹਿਆਂ ਦਾ ਦੌਰਾ ਕਰਕੇ ਪਰਾਲੀ ਪ੍ਰਬੰਧਨ ਨੂੰ ਲੈ ਕੇ ਕੀਤੇ ਜਾ ਰਹੇ ਉਪਰਾਲਿਆਂ ਦਾ ਜਾਇਜ਼ਾ ਲਿਆ। ਇਸ ਮੌਕੇ ਸ੍ਰੀ ਮੁਕਤਸਰ ਸਾਹਿਬ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਅਤੇ ਫ਼ਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਉਨ੍ਹਾਂ ਨਾਲ ਮੌਜੂਦ ਰਹੇ। ਇਸ ਟੀਮ ਵਿਚ ਮੈਂਬਰ-ਟੈਕਨੀਕਲ, ਡਾ.ਟੀ.ਐੱਸ. ਪੰਵਾਰ, ਡਾਇਰੈਕਟਰ ਸ਼ਿਵੇਂਦਰ ਚਤੁਰਵੇਦੀ ਅਤੇ ਵਿਗਿਆਨੀ ਡਾ.

ਰਮੇਸ਼ ਕੁਮਾਰ ਸ਼ਾਮਲ ਸਨ, । ਮੀਟਿੰਗ ਦੌਰਾਨ ਸ੍ਰੀ ਪੰਵਾਰ ਨੇ ਦੋਵੇਂ ਜ਼ਿਲ੍ਹਿਆਂ ਵਿਖੇ ਪਰਾਲੀ ਪ੍ਰਬੰਧਨ ਨੂੰ ਲੈ ਕੇ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ ਉੱਥੇ ਹੀ ਭਵਿੱਖ ਵਿੱਚ ਵੀ ਉਪਰਾਲਿਆਂ ਨੂੰ ਜਾਰੀ ਰੱਖਣ ਦੀ ਉਮੀਦ ਵੀ ਜਤਾਈ। ਇਸ ਦੌਰਾਨ ਡਿਪਟੀ ਕਮਿਸ਼ਨਰ ਸ੍ਰੀ ਪੰਚਾਲ ਨੇ ਟੀਮ ਨੂੰ ਵਿਸ਼ਵਾਸ਼ ਦਵਾਇਆ ਕਿ ਪਰਾਲੀ ਪ੍ਰਬੰਧਨ ਨੂੰ ਲੈ ਕੇ ਜ਼ਿਲ੍ਹੇ ਦੇ ਕਈ ਖੇਤਰਾਂ ਵਿੱਚ ਆ ਰਹੀਆਂ ਸਮੱਸਿਆਵਾਂ ਤੋਂ ਜਾਣੂੰ ਕਰਵਾਉਂਦਿਆਂ ਉਨ੍ਹਾਂ ਕਈ ਸੁਝਾਅ ਵੀ ਰੱਖੇ । ਇਸ ਤੋਂ ਪਹਿਲਾਂ ਦੌਰੇ ਦੌਰਾਨ ਕਮਿਸ਼ਨ ਦੀ ਟੀਮ ਨੇ ਸਾਲ 2025 ਦੌਰਾਨ ਸਮੱਸਿਆ ਵਾਲੇ ਪਛਾਣੇ ਗਏ ਪਿੰਡਾਂ ਦਾ ਨਿਰੀਖਣ ਕੀਤਾ, ਜਿਨ੍ਹਾਂ ਵਿੱਚ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਕੋਟ ਭਾਈ ਅਤੇ ਆਲਮ ਵਾਲਾ ਸ਼ਾਮਲ ਸਨ। ਟੀਮ ਨੇ ਵੱਖ-ਵੱਖ ਥਾਵਾਂ 'ਤੇ ਪਰਾਲੀ ਪ੍ਰਬੰਧਨ ਲਈ ਵਰਤੀਆਂ ਜਾਣ ਵਾਲੀਆਂ ਵੱਖ-ਵੱਖ ਮਸ਼ੀਨਾਂ ਦਾ ਜਾਇਜ਼ਾ ਲਿਆ । ਟੀਮ ਨੇ ਕਿਸਾਨਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਕਿਸਾਨਾਂ ਦੀ ਸਰਗਰਮ ਭਾਗੀਦਾਰੀ ਦੀ ਮਹੱਤਤਾ ’ਤੇ ਜ਼ੋਰ ਦਿੱਤਾ।

ਓਧਰ ਫ਼ਰੀਦਕੋਟ ਦੇ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਨੇ ਪਿੰਡ ਦਾ

ਦੌਰਾ ਕਰਕੇ ਕਿਸਾਨਾਂ ਦੇ ਖੇਤਾਂ ਵਿੱਚ ਪਰਾਲੀ ਪ੍ਰਬੰਧਨ ਲਈ ਅਪਣਾਏ ਜਾ ਰਹੇ ਵੱਖ-ਵੱਖ ਤਰੀਕਿਆਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਖੇਤਾਂ ਵਿੱਚ ਜਾ ਕੇ ਕਿਸਾਨਾਂ ਨਾਲ ਗੱਲਬਾਤ ਕੀਤੀ ਅਤੇ ਪਰਾਲੀ ਦੀ ਸੁਚੱਜੀ ਸੰਭਾਲ ਲਈ ਵਰਤੀ ਜਾ ਰਹੀ ਖੇਤੀ ਮਸ਼ੀਨਰੀ ਅਤੇ ਤਕਨੀਕਾਂ ਬਾਰੇ ਜਾਣਕਾਰੀ ਹਾਸਲ ਕੀਤੀ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਸੰਦੇਸ਼ ਦਿੱਤਾ ਕਿ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤਾਂ ਵਿੱਚ ਹੀ ਵਾਹੁਣਾ ਚਾਹੀਦਾ ਏ ।

ਪਟਿਆਲਾ ਦੀ ਖੁਰਾਕ ਸੁਰੱਖਿਆ ਟੀਮ, ਨੇ ਲੋਕਾਂ ਨੂੰ ਸੁਰੱਖਿਅਤ ਅਤੇ ਸਾਫ਼-ਸੁਥਰੇ ਖੁਰਾਕ ਪਦਾਰਥਾਂ ਦੀ ਉਪਲਬਧਤਾ ਯਕੀਨੀ ਬਣਾਉਣ ਲਈ 4 ਅਤੇ 5 ਨਵੰਬਰ ਨੂੰ ਆਪਣੀ ਨਿਰੀਖਣ ਅਤੇ ਕਾਰਵਾਈ ਮੁਹਿੰਮ ਜਾਰੀ ਰੱਖੀ ਏ । ਜ਼ਿਲ੍ਹਾ ਸਿਹਤ ਅਧਿਕਾਰੀ ਡਾ. ਗੁਰਪ੍ਰੀਤ ਕੌਰ ਨੇ ਦੱਸਿਆ ਕਿ ਇਸ ਕਾਰਵਾਈ ਦੌਰਾਨ, ਨਾਭਾ ਸਥਿਤ ਇਕ ਬੇਕਰੀ ਦਾ ਲਾਇਸੰਸ ਮੁਅੱਤਲ ਕਰ ਦਿੱਤਾ ਗਿਆ, ਕਿਉਂਕਿ ਉੱਥੇ ਸਾਫ਼-ਸਫ਼ਾਈ ਦੀ ਘਾਟ ਅਤੇ ਗੈਰ-ਸਿਹਤਮੰਦ ਹਾਲਾਤ ਪਾਏ ਗਏ ਸਨ। ਇਸ ਤੋਂ ਇਲਾਵਾ, ਖੁਰਾਕ ਕਾਰੋਬਾਰੀਆਂ ਨੂੰ ਨਿਰਧਾਰਤ ਖੁਰਾਕ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਵਿੱਚ ਕਮੀਆਂ ਹੋਣ ਕਾਰਨ ਦੋ 'ਸੁਧਾਰ ਨੋਟਿਸ' ਜਾਰੀ ਕੀਤੇ ਗਏ। ਉਨ੍ਹਾਂ ਦੱਸਿਆ ਕਿ ਕਾਰਵਾਈ ਦੇ ਨਾਲ-ਨਾਲ, ਖੁਰਾਕ ਸੁਰੱਖਿਆ

ਟੀਮ ਨੇ ਜ਼ਿਲ੍ਹੇ ਦੇ ਵੱਖ-ਵੱਖ ਖੇਤਰਾਂ ਵਿੱਚ ਨਮੂਨੇ (ਸੈਂਪਲ) ਲੈਣ ਦੀ ਮੁਹਿੰਮ ਵੀ ਚਲਾਈ। ਦੇਵੀਗੜ੍ਹ, ਸਨੌਰ, ਪਟਿਆਲਾ ਦਿਹਾਤੀ, ਸਮਾਣਾ, ਪਾਤੜਾਂ ਅਤੇ ਨਾਭਾ ਖੇਤਰਾਂ ਤੋਂ ਕੁੱਲ 11 ਖੁਰਾਕੀ ਨਮੂਨੇ ਇਕੱਠੇ ਕੀਤੇ ਗਏ।